# ਕੇਂਦਰੀ ਸੂਚਨਾ ਕਮਿਸ਼ਨਰ ਵੱਲੋਂ ਪੰਜਾਬ 'ਚ ਲਾਗੂ ਆਰ ਟੀ ਆਈ ਐਕਟ ਦੀ ਸਮੀਖਿਆ

**ਪੰਜਾਬ ਨੇ ਆਰ ਟੀ ਆਈ ਐਕਟ ਲਾਗੂ ਕਰਨ ਵਿੱਚ ਕੀਤੀ ਸ਼ਾਨਦਾਰ ਪ੍ਰਗਤੀ: ਵਿਨੋਦ ਤਿਵਾੜੀ**

ਟ੍ਰਿਬਿਊਨ ਨਿਊਜ਼ ਸਰਵਿਸ

**ਚੰਡੀਗੜ੍ਹ, 19 ਜਨਵਰੀ**



ਕੇਂਦਰੀ ਸੂਚਨਾ ਕਮਿਸ਼ਨਰ ਵਿਨੋਦ ਕੁਮਾਰ ਤਿਵਾੜੀ ਵੱਲੋਂ ਪੰਜਾਬ ਦੇ ਅਧਿਕਾਰੀਆਂ ਨੂੰ ਪ੍ਰਸ਼ੰਸਾ ਪੱਤਰ ਸੌਂਪਦੇ ਹੋਏ।

ਕੇਂਦਰੀ ਸੂਚਨਾ ਕਮਿਸ਼ਨਰ ਵਿਨੋਦ ਕੁਮਾਰ ਤਿਵਾੜੀ ਨੇ ਅੱਜ ਚੰਡੀਗੜ੍ਹ ਸਥਿਤ ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਮੁੱਖ ਦਫ਼ਤਰ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਨੇ ਮੁੱਖ ਸੂਚਨਾ ਕਮਿਸ਼ਨਰ ਪੰਜਾਬ ਇੰਦਰਪਾਲ ਸਿੰਘ ਧੰਨਾ ਅਤੇ ਪੰਜਾਬ ਦੇ ਰਾਜ ਸੂਚਨਾ ਕਮਿਸ਼ਨਰਾਂ ਡਾ. ਭੁਪਿੰਦਰ ਸਿੰਘ ਬਾਠ, ਹਰਪ੍ਰੀਤ ਸੰਧੂ ਸਮੇਤ ਵਧੀਕ ਮੁੱਖ ਸਕੱਤਰ ਡੀ. ਕੇ. ਤਿਵਾੜੀ ਨਾਲ ਮੁਲਾਕਾਤ ਕੀਤੀ। ਮੀਟਿੰਗ ਵਿੱਚ ਸੂਚਨਾ ਅਧਿਕਾਰ (ਆਰ.ਟੀ.ਆਈ.) ਐਕਟ, 2005 ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ 'ਤੇ ਵਿਚਾਰ-ਚਰਚਾ ਕੀਤੀ ਗਈ ਜਿਸ ਵਿੱਚ ਸੰਸਥਾਗਤ ਸੁਧਾਰਾਂ, ਪਾਰਦਰਸ਼ਤਾ, ਜਵਾਬਦੇਹੀ ਅਤੇ ਕੁਸ਼ਲ ਜਾਣਕਾਰੀ ਪ੍ਰਦਾਨ ਕਰਨ ਸਬੰਧੀ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਵੀ ਕੇ ਤਿਵਾੜੀ ਨੇ ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਕੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਨੇ ਸੂਚਨਾ ਅਧਿਕਾਰੀ ਐਕਟ ਨੂੰ ਲਾਗੂ ਕਰਨ ਵਿੱਚ ਸ਼ਾਨਦਾਰ ਪ੍ਰਗਤੀ ਕੀਤੀ ਹੈ। ਤਿਵਾੜੀ ਨੇ ਬਤੌਰ ਕੇਂਦਰੀ ਸੂਚਨਾ ਕਮਿਸ਼ਨਰ ਆਪਣੇ ਤਜ਼ਰਬੇ ਵੀ ਸਾਂਝੇ ਕੀਤੇ ਜਿਸ ਵਿੱਚ ਵਧੀਆ ਅਭਿਆਸਾਂ, ਮੌਜੂਦਾ ਚੁਣੌਤੀਆਂ ਅਤੇ ਕੇਸਾਂ ਦੇ ਨਿਪਟਾਰੇ ਨੂੰ ਹੋਰ ਬਿਹਤਰ ਬਣਾਉਣ ਅਤੇ ਸਮੁੱਚੇ ਆਰ ਟੀ ਆਈ ਢਾਂਚੇ ਨੂੰ ਮਜ਼ਬੂਤ ਕਰਨ ਦੇ ਵਿਹਾਰਕ ਤਰੀਕਿਆਂ ਨੂੰ ਉਜਾਗਰ ਕੀਤਾ ਗਿਆ। ਇਸ ਮੌਕੇ ਮੁੱਖ ਸੂਚਨਾ ਕਮਿਸ਼ਨਰ ਧੰਨਾ, ਰਾਜ ਸੂਚਨਾ ਕਮਿਸ਼ਨਰਾਂ ਅਤੇ ਵਧੀਕ ਮੁੱਖ ਸਕੱਤਰ ਡੀ ਕੇ ਤਿਵਾੜੀ ਵੱਲੋਂ ਕੇਂਦਰੀ ਸੂਚਨਾ ਕਮਿਸ਼ਨਰ ਵਿਨੋਦ ਕੁਮਾਰ ਤਿਵਾੜੀ ਨੂੰ ਪ੍ਰਸ਼ੰਸਾ ਪੱਤਰ ਭੇਟ ਕੀਤਾ।

# CIC lauds Pb progress in implementing RTI Act

**Chandigarh:** Central Information Commissioner V K Tiwari lauded efforts of the Punjab State Information Commission, observing that "Punjab made progress in implementing the RTI Act."

Tiwari visited the Punjab SIC headquarters in Chandigarh. During his visit, he held an extensive and informative meeting with Chief Information Commissioner, Punjab, Inderpal Singh Dhanna, and State Information Commissioners of Punjab — Dr Bhupinder Singh Batth and Harpreet Sandhu — along with additional chief secretary D K Tiwari.

The meeting focused on the effective implementation of the RTI Act, 2005, with special emphasis on institutional reforms, transparency, accountability, and strengthening mechanisms for efficient information delivery.

Chief Information Commissioner of Punjab, Inderpal Singh Dhanna, highlighted the State Information Commission's commitment to ensuring efficient and timely delivery of information to citizens. TNN

20-01-2025 Times of India